# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :03-07-2026**

ਪੰਜਾਬ ਵਿੱਚ ਅਣਅਧਿਕਾਰਤ ਕਲੋਨੀਆਂ ਵਿੱਚ ਰਹਿੰਦੇ ਹਜ਼ਾਰਾਂ ਵਸਨੀਕਾਂ ਨੂੰ ਵੱਡੀ ਰਾਹਤ ਦੇਣ ਦੇ ਉਦੇਸ਼ ਨਾਲ, ਅਹਿਮ ਫੈਸਲਾ ਲੈਂਦਿਆਂ, ਪੰਜਾਬ ਮੰਤਰੀ ਮੰਡਲ ਨੇ ਸੂਬੇ ਭਰ ਦੀਆਂ ਅਣਅਧਿਕਾਰਤ ਕਲੋਨੀਆਂ ਨੂੰ ਨਿਯਮਤ ਕਰਨ ਸਬੰਧੀ ਸੋਧ ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਹ ਫੈਸਲਾ ਚੰਡੀਗੜ੍ਹ ਵਿੱਚ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ। ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ, ਮੁੱਖ ਮੰਤਰੀ ਦਫਤਰ ਨੇ ਕਿਹਾ ਕਿ ਇਸ ਸੋਧ ਨਾਲ ਉਨ੍ਹਾਂ ਅਣਅਧਿਕਾਰਤ ਕਲੋਨੀਆਂ ਨੂੰ ਨਿਯਮਤ ਕੀਤਾ ਜਾ ਸਕੇਗਾ, ਜਿੱਥੇ ਘੱਟੋ-ਘੱਟ 25 ਫ਼ੀਸਦੀ ਪਲਾਟ ਪਹਿਲਾਂ ਹੀ ਬਣਾਏ ਜਾ ਚੁੱਕੇ ਨੇ। ਇਸ ਸਬੰਧੀ ਅਰਜ਼ੀਆਂ ਕਲੋਨੀ ਦੇ ਪ੍ਰਮੋਟਰ ਜਾਂ ਰੈਜੀਡੈਂਟ ਵੈਲਫੇਅਰ ਐਸੋਸੀਏਸਨ ਰਾਹੀਂ, ਜਮ੍ਹਾਂ ਕਰਵਾਈਆਂ ਜਾ ਸਕਦੀਆਂ ਨੇ। ਅਰਜ਼ੀਆਂ ਜਮ੍ਹਾਂ ਕਰਾਉਣ ਦੀ ਆਖਰੀ

ਤਰੀਕ 30 ਸਤੰਬਰ, 2026 ਤੈਅ ਕੀਤੀ ਗਈ ਏ। ਸੂਬੇ ਵਿੱਚ ਪਹਿਲੀ ਜੁਲਾਈ ਤੋਂ 30 ਸਤੰਬਰ ਤੱਕ ਚਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ, S.I.R. ਪ੍ਰਕਿਰਿਆ ਨੂੰ ਹੋਰ ਸੁਖਾਲਾ ਬਣਾਉਣ ਲਈ, ਮੰਤਰੀ ਮੰਡਲ ਨੇ ਕਈ ਪ੍ਰਮੁੱਖ ਨਾਗਰਿਕ ਸੇਵਾਵਾਂ ਲਈ, ਸਰਕਾਰੀ ਫ਼ੀਸਾਂ ਅਤੇ ਸਹੂਲਤ ਖਰਚੇ ਮੁਆਫ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਏ। ਇਸ ਤਹਿਤ ਜ਼ਰੂਰੀ ਨਾਗਰਿਕ ਸੇਵਾਵਾਂ ਵਿੱਚ ਛੋਟ ਦਿੱਤੀ ਜਾਵੇਗੀ, ਜਿਸ ਵਿੱਚ ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਜਨਮ ਸਰਟੀਫਿਕੇਟ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਡੁਪਲੀਕੇਟ ਸਰਟੀਫਿਕੇਟ ਜਾਰੀ ਕਰਨਾ ਆਦਿ ਸੇਵਾਵਾਂ ਸਾਮਲ ਨੇ।

-----------------------------------------------------------------------

ਜ਼ਮੀਨ ਮਾਲਕਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਅਤੇ ਜ਼ਮੀਨ ਹਾਸਿਲ ਕਰਨ ਦੌਰਾਨ, ਕਿਸਾਨਾਂ ਨੂੰ ਵੱਧ ਲਾਭ ਦੇਣ ਦੇ ਉਦੇਸ਼ ਨਾਲ, ਮੰਤਰੀ ਮੰਡਲ ਨੇ ਜ਼ਮੀਨ ਮਾਲਕਾਂ ਦੇ ਲਾਭਾਂ ਨਾਲ ਸਬੰਧਤ ਮੌਜੂਦਾ ਨੀਤੀ ਵਿੱਚ ਸੋਧਾਂ ਨੂੰ ਵੀ ਮਨਜ਼ੂਰੀ ਦੇ ਦਿੱਤੀ ਏ। ਇਸ ਦੇ ਨਾਲ ਹੀ ਕਈ ਹੋਰ ਕਦਮਾਂ ਦੀ ਵੀ ਸ਼ੁਰੂਆਤ ਕੀਤੀ ਗਈ ਏ।
'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਿਖਲਾਈ ਪ੍ਰਾਪਤ ਅਧਿਆਪਕਾਂ, ਜਾਗਰੂਕ ਪ੍ਰਿੰਸੀਪਲਾਂ ਅਤੇ ਸੁਰੱਖਿਅਤ ਸਕੂਲੀ ਮਾਹੌਲ ਰਾਹੀਂ, ਹਰ ਬੱਚੇ ਲਈ ਇੱਕ ਸੁਰੱਖਿਆ ਕਵਚ ਤਿਆਰ ਕੀਤਾ ਜਾ ਰਿਹਾ ਏ। ਨਸ਼ਿਆਂ

ਖ਼ਿਲਾਫ਼ ਹੁਣ ਇਹ ਲੜਾਈ ਥਾਣਿਆਂ ਅਤੇ ਨਸ਼ਾ ਛੁਡਾਊ ਕੇਂਦਰਾਂ ਤੋਂ ਅੱਗੇ ਵਧ ਕੇ ਸਕੂਲਾਂ ਅਤੇ ਕਲਾਸਰੂਮਾਂ ਤੱਕ ਪਹੁੰਚ ਗਈ ਏ। ਬੱਚਿਆਂ ਨੂੰ ਨਸ਼ਿਆਂ ਦੇ ਨੁਕਸਾਨ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਮਾਨਸਿਕ ਤਣਾਅ ਨਾਲ ਨਜਿੱਠਣ ਦੇ ਹੁਨਰ ਅਤੇ ਗੁਪਤ ਤਰੀਕੇ ਨਾਲ ਸ਼ਿਕਾਇਤ ਦਰਜ ਕਰਵਾਉਣ ਦੀ ਸਹੂਲਤ ਵੀ ਦਿੱਤੀ ਜਾ ਰਹੀ ਏ। ਇਸ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਉਨ੍ਹਾਂ ਲੋਕਾਂ ਵਿੱਚ ਨਿਵੇਸ਼ ਕਰ ਰਹੀ ਏ ਜੋ ਹਰ ਰੋਜ਼ ਕਿਸ਼ੋਰ ਉਮਰ ਦੇ ਬੱਚਿਆਂ ਦੇ ਸੰਪਰਕ ਵਿੱਚ ਰਹਿੰਦੇ ਨੇ। ਟਾਟਾ ਇੰਸਟੀਚਿਊਟ ਆਫ਼ ਸੋਸ਼ਲ ਸਾਇੰਸਿਜ਼ ਦੇ ਮਾਹਿਰਾਂ ਦੇ ਸਹਿਯੋਗ ਨਾਲ 9 ਜ਼ਿਲ੍ਹਿਆਂ, ਖ਼ਾਸ ਕਰਕੇ ਸਰਹੱਦੀ ਜ਼ਿਲ੍ਹਿਆਂ ਦੇ 1,400 ਤੋਂ ਵੱਧ ਸਕੂਲ ਮੁਖੀਆਂ ਨੂੰ ਸਿਖਲਾਈ ਦਿੱਤੀ ਗਈ ਏ, ਤਾਂ ਜੋ ਉਹ ਨਸ਼ਿਆਂ ਦੇ ਸ਼ੁਰੂਆਤੀ ਸੰਕੇਤਾਂ ਦੀ ਪਛਾਣ ਕਰ ਸਕਣ, ਹਮਦਰਦੀ ਨਾਲ ਪ੍ਰਤੀਕਰਮ ਦੇ ਸਕਣ ਅਤੇ ਮਾਨਸਿਕ ਸਿਹਤ ਨੂੰ ਜਨ ਸਿਹਤ ਦੇ ਨਜ਼ਰੀਏ ਨਾਲ ਸਮਝ ਕੇ ਸੰਭਾਲ ਸਕਣ।

---------------------------------------------------------------------------

ਚੰਡੀਗੜ੍ਹ ਵਿੱਚ ਮਸ਼ਹੂਰ ਸੁਖਨਾ ਝੀਲ ਦੇ ਰਾਸ਼ਟਰੀ ਪੱਧਰ 'ਤੇ ਸੁਰੱਖਿਅਤ ਵੈਟਲੈਂਡ ਦੀ ਵਿਗਿਆਨਕ ਤੌਰ 'ਤੇ ਗਾਰ ਕੱਢਣ ਨਾਲ ਇਸਦੀ ਪਾਣੀ ਦੀ ਸਮਰੱਥਾ ਵਿੱਚ, ਕਰੀਬ 5.4 ਹੈਕਟੇਅਰ-ਮੀਟਰ ਦਾ

ਵਾਧਾ ਹੋਣ ਦੀ ਉਮੀਦ ਏ, ਜਿਸ ਨਾਲ ਇਸਦੀ ਲੰਮੇਂ ਸਮੇਂ ਦੀ ਚੁਗਿਰਦੇ ਸੰਬੰਧੀ ਸਥਿਰਤਾ ਵਿੱਚ ਵਾਧਾ ਹੋਵੇਗਾ। ਚੰਡੀਗੜ੍ਹ ਦੀ ਵੈਟਲੈਂਡ ਅਥਾਰਟੀ ਦੀ ਕੱਲ੍ਹ ਹੋਈ 5ਵੀਂ ਮੀਟਿੰਗ ਦੌਰਾਨ, ਇਸ ਬਾਰੇ ਚਰਚਾ ਕੀਤੀ ਗਈ। ਸੁਖਨਾ ਵੈਟਲੈਂਡ ਦੀ ਸਾਂਭ-ਸੰਭਾਲ ਅਤੇ ਵਿਗਿਆਨਕ ਪ੍ਰਬੰਧ ਦੇ ਉਦੇਸ਼ ਨਾਲ, ਵੱਖ-ਵੱਖ ਪਹਿਲਕਦਮੀਆਂ ਦੀ ਪ੍ਰਗਤੀ ਦੀ ਸਮੀਖਿਆ ਕਰਨ ਲਈ, ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦੀ ਪ੍ਰਧਾਨਗੀ ਹੇਠ ਇਹ ਮੀਟਿੰਗ ਹੋਈ। ਉਨ੍ਹਾਂ ਨੇ ਸਾਰੇ ਸੰਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਉਹ ਵੈਟਲੈਂਡ ਈਕੋਸਿਸਟਮ ਦੀ ਸੁਰੱਖਿਆ ਅਤੇ ਜੈਵ ਭਿੰਨਤਾ ਸੰਭਾਲ ਨੂੰ ਮਜ਼ਬੂਤ ਕਰਨ ਲਈ, ਇੱਕ ਤਾਲਮੇਲ ਵਾਲਾ ਦ੍ਰਿਸ਼ਟੀਕੋਣ ਅਪਣਾਉਣ। ਪ੍ਰਸ਼ਾਸਕ ਨੇ ਸੁਖਨਾ ਵੈਟਲੈਂਡ ਵਿੱਚ ਆਉਣ ਵਾਲੇ ਪ੍ਰਵਾਸੀ ਪੰਛੀਆਂ ਦੀ ਸਥਿਤੀ ਬਾਰੇ ਵੀ ਵੇਰਵੇ ਮੰਗੇ ਅਤੇ ਸਬੰਧਤ ਵਿਭਾਗਾਂ ਨੂੰ ਪ੍ਰਵਾਸੀ ਪੰਛੀਆਂ ਦੀ ਭਿੰਨਤਾ ਅਤੇ ਆਬਾਦੀ ਨੂੰ ਆਕਰਸ਼ਿਤ ਕਰਨ ਲਈ, ਰਿਹਾਇਸ਼ ਦੀ ਗੁਣਵੱਤਾ ਨੂੰ ਵਧਾਉਣ ਲਈ, ਢੁਕਵੇਂ ਉਪਾਅ ਖੋਜਣ ਦੇ ਨਿਰਦੇਸ਼ ਦਿੱਤੇ।

-----------------------------------------------------------------------

"ਮਿਸ਼ਨ ਕਲੀਨ ਪੰਜਾਬ" ਤਹਿਤ ਨਗਰ ਨਿਗਮ ਬਠਿੰਡਾ ਵੱਲੋਂ ਵੱਲੋਂ ਵਿਸ਼ੇਸ਼ ਸਫ਼ਾਈ ਅਤੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਏ । ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਨੇ ਦੱਸਿਆ ਕਿ ਟੀਮਾਂ ਵੱਲੋਂ ਲਗਾਤਾਰ ਆਮ ਲੋਕਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕਰਨ ਲਈ ਵੱਖ-ਵੱਖ ਇਲਾਕਿਆਂ ਵਿੱਚ ਜਾ ਕੇ ਲੋਕਾਂ ਨੂੰ ਸਫ਼ਾਈ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਏ । ਇਸੇ ਤਹਿਤ ਪਟੇਲ ਨਗਰ, 100 ਫੁੱਟ ਰੋਡ ਅਤੇ ਹੋਰਨਾਂ ਇਲਾਕਿਆਂ ਵਿੱਚ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ, ਜਿਸ ਦੌਰਾਨ ਨਗਰ ਨਿਗਮ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਸਥਾਨਕ ਵਸਨੀਕਾਂ ਅਤੇ ਦੁਕਾਨਦਾਰਾਂ ਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ ਜਨਤਕ ਥਾਵਾਂ 'ਤੇ ਕੂੜਾ ਨਾ ਸੁੱਟਣ ਅਤੇ ਸਫ਼ਾਈ ਸਬੰਧੀ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ।

ਨਗਰ ਨਿਗਮ ਵੱਲੋਂ ਦੁਕਾਨਦਾਰਾਂ ਨੂੰ ਸਫ਼ਾਈ ਦੇ ਮਿਆਰਾਂ ਦੀ ਪਾਲਣਾ ਕਰਨ ਅਤੇ ਗਿੱਲੇ ਤੇ ਸੁੱਕੇ ਕੂੜੇ ਦਾ ਸਹੀ ਢੰਗ ਨਾਲ ਨਿਪਟਾਰਾ ਕਰਨ ਦੀ ਹਦਾਇਤ ਵੀ ਦਿੱਤੀ ਗਈ । ਕਮਿਸ਼ਨਰ ਨੇ ਸ਼ਹਿਰ ਵਾਸੀਆਂ ਨੂੰ

ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ। ਉਨ੍ਹਾਂ ਦੁਕਾਨਦਾਰਾਂ ਨੂੰ ਵਿਸ਼ੇਸ਼ ਤੌਰ ਤੇ ਅਪੀਲ ਕੀਤੀ ਕਿ ਉਹ ਆਪਣੀਆਂ ਦੁਕਾਨਾਂ 'ਚ ਪੈਦਾ ਹੋਣ ਵਾਲੇ ਕੂੜੇ ਨੂੰ ਗਿੱਲਾ ਅਤਿ ਸੁੱਕਾ ਕਰ ਕੇ ਵੱਖ ਵੱਖ ਕੂੜੇਦਾਨ ਚ ਪਾਉਣ।

---------------------------------------------------------------------

ਚੰਡੀਗੜ੍ਹ ਸਥਿਤ ਮੌਸਮ ਵਿਭਾਗ ਨੇ ਐਤਵਾਰ 5 ਜੂਨ ਤੋਂ 8 ਜੂਨ ਤੱਕ ਪੰਜਾਬ ਅਤੇ ਹਰਿਆਣਾ ਦੇ ਜ਼ਿਆਦਾਤਰ ਹਿੱਸਿਆਂ ਦੇ ਨਾਲ-ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਗਰਜ – ਚਮਕ ਨਾਲ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ ਏ ਅਤੇ YELLOW ਅਲਰਟ ਜਾਰੀ ਕੀਤਾ ਏ। ਇਸ ਤੋਂ ਪਹਿਲਾਂ, ਵਿਭਾਗ ਨੇ ਅੱਜ ਅਤੇ ਕੱਲ੍ਹ ਵੀ ਭਾਰੀ ਮੀਂਹ ਦੀ ਇਸੇ ਤਰ੍ਹਾਂ ਦੇ ਮੌਸਮ ਦੀ ਪੇਸ਼ੀਨਗੋਈ ਕੀਤੀ ਸੀ. ਇਸ ਦੌਰਾਨ, ਵੱਧ ਤੋਂ ਵੱਧ ਤਾਪਮਾਨ ਵਿੱਚ ਗਿਰਾਵਟ ਨੇ ਭਾਵੇਂ ਗਰਮੀ ਦੀਆਂ ਲਹਿਰਾਂ ਤੋਂ ਰਾਹਤ ਦਿੱਤੀ ਏ ਪਰ ਮੌਜੂਦਾ ਉਮਸ ਲੋਕਾਂ ਨੂੰ ਪਰੇਸ਼ਾਨ ਕਰ ਰਹੀ ਏ. ਪਿਛਲੇ 24 ਘੰਟਿਆਂ ਵਿੱਚ ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ ਰੋਪੜ ਵਿੱਚ 35.2 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਸਿਰਸਾ

ਵਿੱਚ 36.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ । ਚੰਡੀਗੜ੍ਹ ਵਿੱਚ 33.6 ਡਿਗਰੀ ਸੈਲਸੀਅਸ ਰਿਹਾ। ਅੱਜ ਸਵੇਰੇ ਪੰਜਾਬ ਦੇ ਸ਼ਹੀਦ ਭਗਤ ਸਿੰਘ ਨਗਰ ਦੇ ਬੱਲੋਵਾਲ ਸੁੰਖੇੜੀ ਵਿੱਚ ਘੱਟੋ-ਘੱਟ ਤਾਪਮਾਨ 25.2 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਨਾਰਨੌਲ ਵਿੱਚ 21 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।